ਨੰ: 2/69/08- 2ਸਿ3/ 317

ਪੰਜਾਬ ਸਰਕਾਰ

ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਸਿਲਵਰ ਵਾਟਿਕਾ ਪਬਲਿਕ ਸਕੂਲ ਸਮਾਓ,
ਜਿਲਾ ਮਾਨਸਾ।

ਮਿਤੀ,ਚੰਡੀਗੜ੍ਹ 27/6/08

ਵਿਸ਼ਾ:- ਸਿਲਵਰ ਵਾਟਿਕਾ ਪਬਲਿਕ ਸਕੂਲ ਸਮਾਓ,ਜਿਲਾ ਮਾਨਸਾ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

---------------

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਮਾਨਸਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ /ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾਂ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2 ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜਾਉਣਾ ਦਸਵੀ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ.ਐਸ.ਈ.ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਇਹ ਪ੍ਰਵਾਨਗੀ ਮਾਨਯੋਗ ਸਿੱਖਿਆ ਮੰਤਰੀ ਜੀ ਦੇ ਹੁਕਮ ਮਿਤੀ 27-6-08 ਅਨੁਸਾਰ ਜਾਰੀ ਕੀਤੀ ਜਾਂਦੀ ਹੈ ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ: 2/69/08-2ਸਿ3 ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15-69/07/ ਗੁ 1(2) / 692 ਮਿਤੀ 23-6-2008 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ